*

# ਪੰਜਾਬ ਵਿਧਾਨ ਸਭਾ ਸਕੱਤਰੇਤ

**ਮੰਗਲਵਾਰ, ਮਿਤੀ 07 ਮਾਰਚ, 2023 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।**

**ਟਾਂਡਾ ਤੋਂ ਵਾਇਆ ਰੜਾ ਮੋੜ ਬੇਗੋਵਾਲ ਨੂੰ ਜਾਣ ਵਾਲੀ ਸੜਕ ਦੀ ਮੁਰੰਮਤ ਕਰਵਾਉਣਾ**

***526. ਸਰਦਾਰ ਜਸਵੀਰ ਸਿੰਘ, ਐਮ.ਐਲ.ਏ.:-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਟਾਂਡਾ ਤੋਂ ਵਾਇਆ ਰੜਾ ਮੋੜ, ਰਾਹੀਂ ਬੇਗੋਵਾਲ ਨੂੰ ਜਾਣ ਵਾਲੀ ਸੜਕ ਦੀ ਹਾਲਤ ਕਾਫੀ ਖਰਾਬ ਹੈ; ਜੇਕਰ ਅਜਿਹਾ ਹੈ ਤਾਂ ਕੀ ਇਸ ਸੜਕ ਦੀ ਮੁਰੰਮਤ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਬਿਆਸ ਦਰਿਆ ਦੇ ਕੰਢੇ ਤੇ ਬੰਨ੍ਹ ਬਣਾਉਣਾ**

***479. ਸਰਦਾਰ ਮਨਜਿੰਦਰ ਸਿੰਘ ਲਾਲਪੁਰਾ, ਐਮ.ਐਲ.ਏ.:-**ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਖਡੂਰ ਸਾਹਿਬ ਵਿੱਚ ਸ੍ਰੀ ਗੋਇੰਦਵਾਲ ਸਾਹਿਬ ਤੋਂ ਕੰਬੋਅ ਢਾਏ ਵਾਲਾ ਤੱਕ ਬਿਆਸ ਦਰਿਆ ਦੇ ਕੰਢੇ ਬੰਨ੍ਹ ਨਾ ਹੋਣ ਕਾਰਨ ਦਰਿਆ ਵਿੱਚ ਹਰ ਸਾਲ ਪਾਣੀ ਵੱਧ ਜਾਂਦਾ ਹੈ, ਜਿਸ ਨਾਲ ਕਿਸਾਨਾਂ ਦੀਆਂ ਹਜ਼ਾਰਾਂ ਏਕੜ ਫਸਲਾਂ ਦਾ ਨੁਕਸਾਨ ਹੋ ਜਾਂਦਾ ਹੈ; ਜੇਕਰ ਅਜਿਹਾ ਹੈ ਤਾਂ ਕਦੋਂ ਤੱਕ ਇਥੇ ਬੰਨ੍ਹ ਬਣਾ ਦਿਤਾ ਜਾਵੇਗਾ?

**ਲੋਕ ਨਿਰਮਾਣ ਵਿਭਾਗ (ਭ ਤੇ ਮ) ਅਧੀਨ ਆਉਂਦੀਆਂ ਪਿੰਡਾਂ ਦੀਆਂ ਲਿੰਕ ਸੜਕਾਂ ਦੀਆਂ ਸਾਈਡਾਂ ਦੇ ਵੇਰਵੇ**

***440. ਸਰਦਾਰ ਗੁਰਪ੍ਰੀਤ ਸਿੰਘ ਬਨਾਂਵਾਲੀ, ਐਮ.ਐਲ.ਏ.:-** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪੰਜਾਬ ਵਿੱਚ ਪਿੰਡਾਂ ਨੂੰ ਜਾਂਦੀਆਂ ਲਿੰਕ ਸੜਕਾਂ ਦੀਆਂ ਸਾਈਡਾਂ ਦੇ ਨਾਲ ਵਾਲੀ ਜਮੀਨ ਦਾ ਕਿੰਨੇ ਫੁੱਟ ਹਿੱਸਾ ਲੋਕ ਨਿਰਮਾਣ ਵਿਭਾਗ ਦੇ ਅਧੀਨ ਆਉਂਦਾ ਹੈ;

ਅ) ਕੀ ਇਹ ਠੀਕ ਹੈ ਕਿ ਉਕਤ ਸੜਕ ਦੇ ਨਾਲ ਵਾਲੀ ਜਮੀਨ ਨੂੰ ਲੋਕਾਂ ਵੱਲੋਂ ਪੁੱਟ ਦਿੱਤਾ ਗਿਆ ਹੈ ਜਿਸ ਕਾਰਨ ਲੋਕਾਂ ਦੀ ਆਵਾਜਾਈ ਵਿੱਚ ਵਿਘਨ ਪੈ ਰਿਹਾ ਹੈ; ਜੇਕਰ ਅਜਿਹਾ ਹੈ ਤਾਂ ਕੀ ਦੋਸ਼ੀਆਂ ਨੂੰ ਸਜ਼ਾ ਦੇਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ ਅਤੇ ਲਿੰਕ ਸੜਕਾਂ ਦੀ ਸੁਰੱਖਿਆ ਲਈ ਸਰਕਾਰ ਵੱਲੋਂ ਕੀ ਕਦਮ ਚੁੱਕੇ ਜਾ ਰਹੇ ਹਨ; ਵੇਰਵੇ ਸਹਿਤ ਜਾਣਕਾਰੀ ਦਿੱਤੀ ਜਾਵੇ?

**ਖੇਮਕਰਨ ਤੋਂ ਵਾਇਆ ਭਿੱਖੀਵਿੰਡ ਚੰਡੀਗੜ੍ਹ ਤੱਕ ਬੱਸ ਸਰਵਿਸ ਸ਼ੁਰੂ ਕਰਨਾ**

***535. ਸਰਦਾਰ ਸਰਵਨ ਸਿੰਘ ਧੁੰਨ, ਐਮ.ਐਲ.ਏ.:-** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਖੇਮਕਰਨ ਤੋਂ ਚੰਡੀਗੜ੍ਹ ਵਾਇਆ ਭਿੱਖੀਵਿੰਡ ਲਈ ਸਿੱਧੀ ਬੱਸ ਸਰਵਿਸ ਸ਼ੁਰੂ ਕਰਨ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ ਬੱਸ ਸਰਵਿਸ ਸ਼ੁਰੂ ਕਰ ਦਿੱਤੀ ਜਾਵੇਗੀ?

**ਪੰਜਾਬ ਵਿੱਚ ਜ਼ਮੀਨਾਂ ਦੀਆਂ ਰਜਿਸਟਰੀਆਂ ਲਈ ਐਨ.ਓ.ਸੀ ਪਾਲਿਸੀ ਬਣਾਉਣਾ**

***532. ਸਰਦਾਰ ਦਵਿੰਦਰਜੀਤ ਸਿੰਘ ਲਾਡੀ ਢੋਸ, ਐਮ.ਐਲ.ਏ.:-** ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪੰਜਾਬ ਵਿੱਚ ਜ਼ਮੀਨਾਂ ਦੀ ਖਰੀਦੋ ਫਰੋਖਤ ਦੀਆਂ ਰਜਿਸਟਰੀਆਂ ਲਈ ਐਨ.ਓ.ਸੀ. ਪਾਲਿਸੀ ਕਦੋਂ ਤੱਕ ਬਣਾ ਦਿੱਤੀ ਜਾਵੇਗੀ?

**ਓਵਰ ਏਜ਼ ਹੋ ਗਏ ਉਮੀਦਵਾਰਾਂ ਨੂੰ ਸਪੈਸ਼ਲ ਛੂਟ ਦੇ ਕੇ ਭਰਤੀ ਕਰਨਾ**

***558. ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ.:-** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਰਕਾਰ ਵੱਲੋਂ ਕੀਤੇ ਗਏ ਵਾਅਦੇ ਅਨੁਸਾਰ ਓਵਰ ਏਜ਼ ਹੋ ਗਏ ਉਮੀਦਵਾਰਾਂ ਨੂੰ ਭਰਤੀ ਕਰਨ ਲਈ ਕੋਈ ਸਪੈਸ਼ਲ ਛੂਟ ਦੇ ਕੇ ਭਰਤੀ ਕਰਨ ਦੀ ਪ੍ਰਕਿਰਿਆ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹਾਂ ਤਾਂ ਇਸ ਦੇ ਕੀ ਵੇਰਵੇ ਹਨ ਅਤੇ ਜੇਕਰ ਨਹੀਂ ਤਾਂ ਇਸ ਦਾ ਕੀ ਕਾਰਨ ਹੈ?

**ਅਵਾਰਾ ਕੁੱਤਿਆਂ ਕਾਰਨ ਹੁੰਦੀਆਂ ਘਟਨਾਵਾਂ ਰੋਕਣਾ**

***574. ਡਾ. ਕਸ਼ਮੀਰ ਸਿੰਘ ਸੋਹਲ, ਐਮ.ਐਲ.ਏ.:-** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਅਵਾਰਾ ਕੁੱਤਿਆਂ ਦੇ ਕੱਟਣ ਕਾਰਨ ਬਹੁਤ ਸਾਰੀਆਂ ਜਾਂਨਾਂ ਜਾਂਦੀਆਂ ਹਨ ਅਤੇ ਇਸ ਤੋਂ ਇਲਾਵਾ ਅਵਾਰਾ ਕੁੱਤੇ ਸੜਕੀ ਦੁਰਘਟਨਾਵਾਂ ਦਾ ਕਾਰਨ ਵੀ ਬਣਦੇ ਹਨ; ਜੇਕਰ ਅਜਿਹਾ ਹੋਵੇ ਤਾਂ ਸਰਕਾਰ ਅਵਾਰਾ ਕੁੱਤਿਆਂ ਦੀ ਰੋਕਥਾਮ ਲਈ ਕੀ ਉਪਰਾਲੇ ਕਰ ਰਹੀ ਹੈ?

**ਡੇਰਾਬੱਸੀ ਤੋਂ ਬਰਵਾਲਾ ਰੋਡ ਨੂੰ ਫੋਰ ਲੇਨ ਕਰਨਾ**

***620. ਸਰਦਾਰ ਕੁਲਜੀਤ ਸਿੰਘ ਰੰਧਾਵਾ, ਐਮ.ਐਲ.ਏ.:-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਡੇਰਾਬੱਸੀ ਤੋਂ ਬਰਵਾਲਾ ਰੋਡ ਨੂੰ ਫੋਰ ਲੇਨ ਕਰਨ ਦੀ ਤਜਵੀਜ਼ ਉੱਤੇ ਵਿਚਾਰ ਕਰ ਰਹੀ ਹੈ; ਜੇਕਰ ਕਰ ਰਹੀ ਹੈ ਤਾਂ ਇਸ ਸੜਕ ਨੂੰ ਕਦੋਂ ਤੱਕ ਫੋਰ ਲੇਨ ਕਰਨ ਲਈ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ?

**ਪੰਜਾਬ ਦੇ ਫਰੀਡਮ ਫਾਈਟਰਾਂ ਦੇ ਪਰਿਵਾਰਾਂ ਨੂੰ ਸਹੂਲਤਾਂ ਦੇਣਾ**

***545. ਸਰਦਾਰ ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ.:-** ਕੀ ਸੁਤੰਤਰਤਾ ਸੈਨਾਨੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਹੁਣ ਤੱਕ ਫਰੀਡਮ-ਫਾਈਟਰ ਪਰਿਵਾਰਾਂ ਨੂੰ ਕਿੰਨੇ ਤਰ੍ਹਾਂ ਦੀਆਂ ਸਹੂਲਤਾਂ ਸਰਕਾਰ ਵੱਲੋਂ ਦਿੱਤੀਆਂ ਗਈਆਂ ਹਨ;

ਅ) ਪੰਜਾਬ ਵਿੱਚ ਕਿੰਨੇ ਫਰੀਡਮ-ਫਾਈਟਰਾਂ ਦੇ ਪਰਿਵਾਰਾਂ ਨੂੰ ਸਰਕਾਰੀ ਨੌਕਰੀਆਂ ਪੱਕੇ ਤੌਰ ਤੇ ਜਾਂ ਕੰਟਰੈਕਟ ਆਧਾਰ ਤੇ ਦਿੱਤੀਆਂ ਗਈਆਂ ਹਨ;

ੲ) ਕੀ ਇਹ ਠੀਕ ਹੈ ਕਿ ਪੰਜਾਬ ਵਿੱਚ ਫਰੀਡਮ-ਫਾਈਟਰਾਂ ਦੇ ਪਰਿਵਾਰ ਜੋ ਕੰਟਰੈਕਟ ਆਧਾਰ ਤੇ ਭਰਤੀ ਹੋਏ ਹਨ ਉਹਨਾ ਵਿੱਚੋਂ ਕਈਆਂ ਕੋਲ ਰਹਿਣ ਲਈ ਆਪਣੇ ਨਿੱਜੀ ਘਰ ਨਹੀਂ ਹਨ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਦੇ ਵਿਚਾਰ ਅਧੀਨ ਅਜਿਹੀ ਕੋਈ ਸਕੀਮ ਹੈ ਜਿਸ ਅਨੁਸਾਰ ਕੰਟਰੈਕਟ ਆਧਾਰ ਤੇ ਭਰਤੀ ਹੋਏ ਪਰਿਵਾਰਾਂ ਨੂੰ ਸਰਕਾਰੀ ਕੁਆਰਟ ਅਲਾਟ ਕੀਤੇ ਜਾ ਸਕਣ; ਵੇਰਵੇ ਸਹਿਤ ਦੱਸਿਆ ਜਾਵੇ?

**ਸੀ.ਐਚ.ਸੀ. ਦੂਧਨਸਾਧਾਂ ਨੂੰ ਅੱਪਗ੍ਰੇਡ ਕਰਨਾ**

***512. ਸਰਦਾਰ ਹਰਮੀਤ ਸਿੰਘ ਪਠਾਨਮਾਜਰਾ, ਐਮ.ਐਲ.ਏ.:-** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਸਨੌਰ ਅਧੀਨ ਆਉਂਦੇ CHC ਦੁਧਨਸਾਧਾਂ ਨੂੰ ਅੱਪਗ੍ਰੇਡ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਸਹਿਕਾਰੀ ਖੰਡ ਮਿੱਲਾਂ ਵਿੱਚ ਈਥਨੋਲ ਪਲਾਂਟ ਲਗਾਉਣਾ**

***555. ਸ਼੍ਰੀਮਤੀ ਇੰਦਰਜੀਤ ਕੌਰ ਮਾਨ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪੰਜਾਬ ਸਰਕਾਰ ਦੀ ਸਹਿਕਾਰੀ ਖੰਡ ਮਿੱਲਾਂ ਵਿੱਚ ਆਉਣ ਵਾਲੇ ਸਮੇਂ ਵਿੱਚ ਈਥਨੋਲ ਪਲਾਂਟ ਲਗਾਉਣ ਦੀ ਤਜਵੀਜ਼ ਹੈ; ਜੇਕਰ ਅਜਿਹਾ ਹੈ ਤਾਂ ਕੀ ਨਕੋਦਰ ਖੰਡ ਮਿੱਲ ਨੂੰ ਪਹਿਲ ਦੇ ਅਧਾਰ ਤੇ ਵਿਚਾਰਿਆ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

ਪਰਤੋਂ.......

**ਪਾਇਲ ਸਥਿਤ ਪੁਰਾਤਨ ਕਿਲ੍ਹੇ ਨੂੰ ਟੂਰਿਜ਼ਮ ਵੱਜੋਂ ਵਿਕਸਿਤ ਕਰਨਾ**

***470. ਸਰਦਾਰ ਮਨਵਿੰਦਰ ਸਿੰਘ ਗਿਆਸਪੁਰਾ, ਐਮ.ਐਲ.ਏ.:-** ਕੀ ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲੇ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪਾਇਲ ਅਤੇ ਦੋਰਾਹਾ ਸਥਿਤ ਪੁਰਾਤਨ ਕਿਲ੍ਹਿਆਂ ਨੂੰ ਟੂਰਿਜ਼ਮ ਵੱਜੋਂ ਵਿਕਸਿਤ ਕਰਨ ਲਈ ਸਰਕਾਰ ਦੇ ਵਿਚਾਰ ਅਧੀਨ ਕੋਈ ਯੋਜਨਾ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਅਪ੍ਰੈਲ 2021 ਤੋਂ ਜਨਵਰੀ 2023 ਤੱਕ ਵੱਖ-ਵੱਖ IMFL ਦੀ ਵਿਕਰੀ ਤੋਂ ਇਕੱਠੇ ਕੀਤੇ ਮਾਲੀਏ ਦੇ ਵੇਰਵੇ**

***610. ਰਾਣਾ ਇੰਦਰ ਪ੍ਰਤਾਪ ਸਿੰਘ, ਐਮ.ਐਲ.ਏ.:-** ਕੀ ਆਬਕਾਰੀ ਅਤੇ ਕਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਅਪ੍ਰੈਲ 2021 ਤੋਂ ਜਨਵਰੀ 2022 ਤੱਕ ਅਤੇ ਅਪ੍ਰੈਲ 2022 ਤੋਂ ਜਨਵਰੀ 2023 ਤੱਕ ਦੇ ਸਮੇਂ ਦੇ ਦੌਰਾਨ, ਵੱਖ-ਵੱਖ ਆਈ.ਐਮ.ਐਫ.ਐਲ ਦੀ ਵਿਕਰੀ ਦੀ ਮਾਤਰਾ ਕਿੰਨੀ-ਕਿੰਨੀ ਹੈ; ਇਹਨਾਂ ਵਿਕਰੀਆਂ ਤੋਂ ਸਰਕਾਰ ਨੂੰ ਪ੍ਰਾਪਤ ਹੋਏ ਮਾਲੀਏ ਦੇ ਵੇਰਵੇ ਕੀ ਹਨ?

**ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ ਨੂੰ ਮਿਲਦੇ ਲੋੜੀਂਦੇ ਫੰਡਾਂ ਦੇ ਵੇਰਵੇ**

***352. ਡਾ. ਸੁਖਵਿੰਦਰ ਕੁਮਾਰ, ਐਮ.ਐਲ.ਏ.:-** ਕੀ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਰਾਜ ਸਰਕਾਰ ਵੱਲੋਂ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ, ਚੰਡੀਗੜ੍ਹ' ਨੂੰ ਪ੍ਰਬੰਧਕੀ ਖਰਚਿਆਂ ਅਤੇ ਕਾਰਪੋਰੇਸ਼ਨ ਵੱਲੋਂ ਨਿਰਧਾਰਿਤ ਕੀਤੇ ਜਾਂਦੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਹਰ ਸਾਲ ਲੋੜੀਂਦੇ ਫੰਡ ਮੁਹੱਈਆ ਕਰਵਾਏ ਜਾਂਦੇ ਹਨ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਨਾਂਹ ਵਿੱਚ ਹੋਵੇ ਤਾਂ ਸਰਕਾਰ ਕਦੋਂ ਤੱਕ ਕਾਰਪੋਰੇਸ਼ਨ ਨੂੰ ਲੋੜੀਂਦੇ ਫੰਡ ਮੁਹੱਈਆ ਕਰਵਾਏ ਜਾਣ ਲਈ ਕੋਈ ਕਾਰਵਾਈ ਕਰੇਗੀ?

**ਪਸ਼ੂ ਪਾਲਣ ਵਿਭਾਗ ਵਿੱਚ ਵੈਟਰਨਰੀ ਫਾਰਮਾਸਿਸਟਾਂ ਦੀਆਂ ਅਸਾਮੀਆਂ**

***412. ਸਰਦਾਰ ਪ੍ਰਤਾਪ ਸਿੰਘ ਬਾਜਵਾ, ਐਮ.ਐਲ.ਏ.:-** ਕੀ ਪਸ਼ੂ ਪਾਲਣ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪਸ਼ੂ ਪਾਲਣ ਵਿਭਾਗ ਵਿੱਚ ਇਸ ਵਕਤ ਵੈਟਰਨਰੀ ਫਾਰਮਾਸਿਸਟਾਂ ਦੀਆਂ ਕੁੱਲ ਕਿੰਨੀਆਂ ਮੰਨਜੂਰਸ਼ੁਦਾ ਆਸਾਮੀਆਂ ਹਨ; ਇਨ੍ਹਾਂ ਵਿੱਚੋਂ ਕਿੰਨੀਆਂ ਭਰੀਆਂ ਅਤੇ ਕਿੰਨੀਆਂ ਖਾਲੀ ਪਈਆਂ ਹਨ;

ਅ) ਪਸ਼ੂ ਪਾਲਣ ਵਿਭਾਗ ਵਿੱਚ ਪਿਛਲੇ 16 ਸਾਲਾਂ ਤੋਂ ਸੇਵਾਵਾਂ ਨਿਭਾ ਰਹੇ ਵੈਟਰਨਰੀ ਫਾਰਮਾਸਿਸਟਾਂ ਨੂੰ ਰੈਗੂਲਰ ਕਰਨ ਸਬੰਧੀ ਵਿਭਾਗ ਦੀ ਕੀ ਨੀਤੀ ਹੈ;

ੲ) ਵਿਭਾਗ ਵਿੱਚ ਭਰਤੀ ਕੀਤੇ ਗਏ ਨਵੇਂ ਵੈਟਰਨਰੀ ਇੰਸਪੈਕਟਰਾਂ ਵਿੱਚੋਂ ਕਿੰਨੇ ਉਮੀਦਵਾਰ ਪੰਜਾਬ ਰਾਜ ਨਾਲ ਅਤੇ ਕਿੰਨੇ ਬਾਹਰਲੇ ਸੂਬਿਆਂ ਨਾਲ ਸਬੰਧਤ ਹਨ; ਵੇਰਵੇ ਸਹਿਤ ਦੱਸਿਆ ਜਾਵੇ?

**ਹਲਕਾ ਸ਼ੁਤਰਾਣਾ ਵਿਖੇ ਖੇਡ ਸਟੇਡੀਅਮ ਬਣਾਉਣਾ**

***515. ਸਰਦਾਰ ਕੁਲਵੰਤ ਸਿੰਘ ਬਾਜ਼ੀਗਰ, ਐਮ.ਐਲ.ਏ.:-** ਕੀ ਖੇਡਾਂ ਅਤੇ ਯੁਵਕ ਸੇਵਾਵਾਂ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਸ਼ੁਤਰਾਣਾ ਵਿਖੇ ਖੇਡਾਂ ਨੂੰ ਪ੍ਰਫੁਲਿਤ ਕਰਨ ਲਈ ਨਵੇਂ ਖੇਡ ਸਟੇਡੀਅਮ ਬਣਾਉਣ ਜਾਂ ਪੁਰਾਣੇ ਖੇਡ ਸਟੇਡੀਅਮ ਨੂੰ ਅੱਪਗ੍ਰੇਡ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਗੁਰੂ ਅੰਗਦ ਦੇਵ ਵੈਟਰਨਰੀ ਯੂਨੀਵਰਸਿਟੀ, ਲੁਧਿਆਣਾ ਅਤੇ ਰਾਮਪੁਰਾ ਫੂਲ (ਬਠਿੰਡਾ) ਵਿਖੇ ਭਰਤੀ ਕੀਤੇ ਪ੍ਰੋਫੈਸਰ/ਵਿਗਿਆਨੀਆਂ ਦੇ ਵੇਰਵੇ**

***404. ਸਰਦਾਰ ਮਨਪ੍ਰੀਤ ਸਿੰਘ ਇਯਾਲੀ, ਐਮ.ਐਲ.ਏ.:-** ਕੀ ਪਸ਼ੂ ਪਾਲਣ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ 1 ਜਨਵਰੀ, 2022 ਤੋਂ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਵਿੱਚ ਡੇਅਰੀ, ਫਿਸ਼ਰੀ, ਐਨੀਮਲ ਬਾਇਓ ਟੈਕਨਾਲੋਜੀ ਅਤੇ ਨਵੇਂ ਸ਼ੁਰੂ ਹੋਏ ਵੈਟਰਨਰੀ ਸਾਇੰਸ ਕਾਲਜ, ਰਾਮਪੁਰਾ ਫੂਲ (ਜਿਲ੍ਹਾ ਬਠਿੰਡਾ) ਵਿੱਚ ਕਿੰਨੀ-ਕਿੰਨੀ ਫੈਕਲਟੀ ਅਤੇ ਕਿੰਨੇ-ਕਿੰਨੇ ਪ੍ਰੋਫੈਸਰ/ਵਿਗਿਆਨੀ ਮਿਤੀ ਬੱਧ ਤੱਕ ਭਰਤੀ ਕੀਤੇ ਗਏ ਹਨ ਅਤੇ ਅਜੇ ਹੋਰ ਕਿੰਨੀਆਂ ਪੋਸਟਾਂ ਖਾਲੀ ਪਈਆਂ ਹਨ, ਵੇਰਵੇ ਸਹਿਤ ਦੱਸਿਆ ਜਾਵੇ?

**ਜਿਲ੍ਹਾ ਮਾਨਸਾ ਦੇ ਪਿੰਡਾਂ ਵਿੱਚ ਲੱਗੇ R.O. ਸਿਸਟਮ ਦੇ ਵੇਰਵੇ**

***496. ਸ਼੍ਰੀ ਬੁੱਧ ਰਾਮ, ਐਮ.ਐਲ.ਏ.:-** ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਜਿਲ੍ਹਾ ਮਾਨਸਾ ਦੇ ਕਿੰਨੇ ਪਿੰਡਾਂ ਵਿੱਚ R.O. (ਸਾਫ ਪਾਣੀ ਲਈ) ਲੱਗੇ ਹੋਏ ਹਨ;

ਅ) ਕਿੰਨੇ ਪਿੰਡਾਂ ਵਿੱਚ ਇਹ R.O. ਸਿਸਟਮ ਕੰਮ ਨਹੀਂ ਕਰ ਰਹੇ ਹਨ ਅਤੇ ਜੋ ਬੰਦ ਪਏ ਹਨ, ਉਨ੍ਹਾਂ ਨੂੰ ਦੁਬਾਰਾ ਚਲਾਉਣ ਲਈ ਸਰਕਾਰ ਵੱਲੋਂ ਕੀ ਉਪਰਾਲੇ ਕੀਤੇ ਜਾ ਰਹੇ ਹਨ?

**ਲਾਡੋਵਾਲ, ਜਿਲ੍ਹਾ ਲੁਧਿਆਣਾ ਵਿਖੇ ਟਰੋਮਾ ਸੈਂਟਰ ਬਣਾਉਣਾ**

***524. ਸਰਦਾਰ ਜੀਵਨ ਸਿੰਘ ਸੰਗੋਵਾਲ, ਐਮ.ਐਲ.ਏ.:-** ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪਿੰਡ ਲਾਡੋਵਾਲ ਹਲਕਾ ਗਿੱਲ, ਜਿਲ੍ਹਾ ਲੁਧਿਆਣਾ ਜੋ ਕਿ ਸ਼ਹਿਰ ਦੇ ਬਿਲਕੁਲ ਨਾਲ ਦਿੱਲੀ-ਅੰਮ੍ਰਿਤਸਰ ਨੈਸ਼ਨਲ ਹਾਈਵੇ ਉਪਰ ਸਥਿਤ ਹੈ; ਵਿੱਚ ਟਰੋਮਾ ਸੈਂਟਰ ਨਹੀਂ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਪਿੰਡ ਦੀ ਪੰਚਾਇਤੀ ਜਮੀਨ ਉਪਰ ਇੱਕ ਟਰੋਮਾ ਸੈਂਟਰ ਬਣਾਏ ਜਾਣ ਦੀ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਮੀਰਥਲ ਤੋਂ ਦੀਨਾਨਗਰ ਤੱਕ ਦੀ ਸੜਕ ਤੇ ਕੀਤੇ ਕੰਮਾਂ ਦੀ ਮੌਜੂਦਾ ਸਥਿਤੀ**

***570. ਸ਼੍ਰੀਮਤੀ ਅਰੁਣਾ ਚੌਧਰੀ, ਐਮ.ਐਲ.ਏ.:-** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਮੀਰਥਲ ਤੋਂ ਦੀਨਾਨਗਰ ਤੱਕ ਪੱਕੀ ਸੜਕ ਦਾ ਕੰਮ ਕਾਫੀ ਸਮੇਂ ਪਹਿਲਾਂ ਸ਼ੁਰੂ ਹੋਇਆ ਸੀ; ਜੇਕਰ ਅਜਿਹਾ ਹੋਵੇ ਤਾਂ ਹੁਣ ਤੱਕ ਕੀਤੇ ਗਏ ਕੰਮਾਂ ਦੀ ਮੌਜੂਦਾ ਸਥਿਤੀ ਕੀ ਹੈ ਅਤੇ ਲੰਬਿਤ ਪਏ ਕੰਮਾਂ ਦੇ ਵੇਰਵੇ ਕੀ ਹਨ;

ਅ) ਇਸ ਪ੍ਰੋਜੈਕਟ ਦੇ ਪੂਰਾ ਹੋਣ ਲਈ ਨਿਰਧਾਰਤ ਕੀਤਾ ਗਿਆ ਅਨੁਮਾਨਿਤ ਸਮਾਂ ਕੀ ਹੈ ਅਤੇ ਉਪਰੋਕਤ ਸੜਕ ਉੱਤੇ ਕੰਮ ਕਦੋਂ ਤੱਕ ਪੂਰਾ ਹੋਣ ਦੀ ਸੰਭਾਵਨਾ ਹੈ?

ਸੁਰਿੰਦਰ ਪਾਲ,
ਸਕੱਤਰ,
ਪੰਜਾਬ ਵਿਧਾਨ ਸਭਾ।

ਚੰਡੀਗੜ੍ਹ
ਮਿਤੀ 03 ਮਾਰਚ, 2023